# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :23-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 29 ਤਰੀਕ ਤੋਂ ਜਾਪਾਨ ਅਤੇ ਚੀਨ ਦੇ ਚਾਰ ਦਿਨਾਂ ਦੌਰੇ 'ਤੇ ਜਾਣਗੇ। ਸ਼੍ਰੀ ਮੋਦੀ 29 ਅਤੇ 30 ਅਗਸਤ ਨੂੰ 15ਵੇਂ ਭਾਰਤ-ਜਾਪਾਨ ਸਾਲਾਨਾ ਸੰਮੇਲਨ ਵਿੱਚ ਸ਼ਾਮਲ ਹੋਣਗੇ। ਇਹ ਪ੍ਰਧਾਨ ਮੰਤਰੀ ਮੋਦੀ ਦੀ ਜਾਪਾਨ ਦੀ 8ਵੀਂ ਯਾਤਰਾ ਅਤੇ ਜਾਪਾਨੀ ਪ੍ਰਧਾਨ ਮੰਤਰੀ ਸ਼ਿਗੇਰੂ ਇਸ਼ੀਬਾ ਨਾਲ ਪਹਿਲੀ ਸਿਖਰ ਮੀਟਿੰਗ ਹੋਵੇਗੀ। ਇਸ ਦੌਰੇ ਦੌਰਾਨ, ਦੋਵੇਂ ਪ੍ਰਧਾਨ ਮੰਤਰੀ ਰੱਖਿਆ, ਸੁਰੱਖਿਆ, ਵਪਾਰ ਅਤੇ ਅਰਥਵਿਵਸਥਾ, ਤਕਨਾਲੋਜੀ ਅਤੇ ਕਾਢਾਂ ਸਮੇਤ ਵਿਸ਼ੇਸ਼ ਰਣਨੀਤਕ ਅਤੇ ਆਲਮੀ ਭਾਈਵਾਲੀ ਦੀ ਸਮੀਖਿਆ ਕਰਨਗੇ। ਦੋਵੇਂ ਆਗੂ ਖੇਤਰੀ ਅਤੇ ਆਲਮੀ ਮਹੱਤਵ ਦੇ ਮੁੱਦਿਆਂ 'ਤੇ ਵੀ ਚਰਚਾ ਕਰਨਗੇ। ਦੌਰੇ ਦੇ ਦੂਜੇ ਗੇੜ ਵਿੱਚ, ਪ੍ਰਧਾਨ ਮੰਤਰੀ ਮੋਦੀ 31 ਅਗਸਤ ਤੋਂ 1 ਸਤੰਬਰ ਤੱਕ ਤਿਆਨ-ਜਿਨ ਵਿੱਚ ਸ਼ੰਘਾਈ ਸਹਿਯੋਗ

ਸੰਗਠਨ ਸੰਮੇਲਨ ਵਿੱਚ ਹਿੱਸਾ ਲੈਣ ਲਈ ਚੀਨ ਦਾ ਦੌਰਾ ਕਰਨਗੇ। ਸਿਖਰ ਸੰਮੇਲਨ ਤੋਂ ਇਲਾਵਾ, ਸ੍ਰੀ ਮੋਦੀ ਕਈ ਆਲਮੀ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕਰ ਸਕਦੇ ਨੇ । ਭਾਰਤ 2017 ਤੋਂ ਸ਼ੰਘਾਈ ਸਹਿਯੋਗ ਸੰਗਠਨ ਦਾ ਮੈਂਬਰ ਏ ।

---------------------------------------------------

ਦੇਸ਼ ਵਿੱਚ ਅੱਜ ਦੂਜਾ ਰਾਸ਼ਟਰੀ ਪੁਲਾੜ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਵਸ 23 ਅਗਸਤ 2023 ਨੂੰ ਚੰਦਰਯਾਨ-3 ਮਿਸ਼ਨ ਦੇ ਵਿਕਰਮ ਲੈਂਡਰ ਨੂੰ ਪੁਲਾੜ ਵਿੱਚ ਅਤੇ ਪ੍ਰਗਿਆਨ ਰੋਵਰ ਨੂੰ ਚੰਦਰਮਾ ’ਤੇ ਸਫਲਤਾ ਨਾਲ ਲਿਜਾਣ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਸਾਲ ਦੇ ਰਾਸ਼ਟਰੀ ਪੁਲਾੜ ਦਿਵਸ ਸਮਾਰੋਹ ਦਾ ਵਿਸ਼ਾ -ਆਰਿਆਭੱਟ ਤੋਂ ਗਗਨਯਾਨ : ਪ੍ਰਾਚੀਨ ਗਿਆਨ ਤੋਂ ਬੇਅੰਤ ਸੰਭਾਵਨਾਵਾਂ’ ਰੱਖਿਆ ਗਿਆ ਏ ।

---------------------------------------------------

ਹੁਸ਼ਿਆਰਪੁਰ-ਜਲੰਧਰ ਸੜਕ 'ਤੇ ਪਿੰਡ ਮੰਡਿਆਲਾ ਨੇੜੇ ਬੀਤੀ ਦੇਰ ਰਾਤ ਇਕ ਐਲ.ਪੀ.ਜੀ ਟੈਂਕਰ ਵਿਚ ਧਮਕਾ ਹੋਣ ਕਾਰਨ ਦੋ

ਵਿਅਕਤੀਆਂ ਦੀ ਮੌਤ ਹੋ ਗਈ ਜਦਕਿ 23 ਤੋਂ ਵੱਧ ਲੋਕ ਗੰਭੀਰ ਰੂਪ ਵਿੱਚ ਝੁਲਸ ਗਏ । ਸਾਡੇ ਹੁਸ਼ਿਆਰਪੁਰ ਵਾਲੇ ਪੱਤਰਕਾਰ ਨੇ ਦਸਿਆ ਕਿ ਹਾਦਸੇ ਤੋਂ ਬਾਅਦ ਨੇੜੇ ਸਥਿਤ ਘਰਾਂ ਤੇ ਦੁਕਾਨਾਂ ਵਿਚ ਅੱਗ ਲੱਗ ਗਈ । ਇਸ ਦੌਰਾਨ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਐਸ.ਐਮ.ਓ. ਡਾ. ਕੁਲਦੀਪ ਸਿੰਘ ਨੇ ਅੱਜ ਸਵੇਰੇ ਪੁਸ਼ਟੀ ਕੀਤੀ ਕਿ ਬੀਤੀ ਰਾਤ ਸਿਵਲ ਹਸਪਤਾਲ ਵਿੱਚ ਕੁੱਲ 23 ਵਿਅਕਤੀਆਂ ਨੂੰ ਝੁਲਸੀ ਹੋਈ ਹਾਲਤ ਵਿਚ ਲਿਆਂਦਾ ਗਿਆ ਸੀ । ਇਨ੍ਹਾਂ ਵਿੱਚੋਂ 15 ਨੂੰ ਵਿਸ਼ੇਸ਼ ਹਸਪਤਾਲਾਂ ਵਿੱਚ ਰੈਫਰ ਕੀਤਾ ਗਿਆ ਏ। 7 ਜ਼ਖਮੀ ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਜ਼ੇਰੇ ਇਲਾਜ ਨੇ। ਉਨ੍ਹਾਂ ਪੁਸ਼ਟੀ ਕੀਤੀ ਕਿ ਹਾਦਸੇ ਵਿਚ ਹੁਣ ਤੱਕ ਦੋ ਮੌਤਾਂ ਹੋਈਆਂ ਨੇ। ਉਧਰ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਨੇ ਇਸ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਏ ਅਤੇ ਪੀੜਤ ਪਰਿਵਾਰਾਂ ਨਾਲ ਦਿਲੀ ਹਮਦਰਦੀ ਪ੍ਰਗਟਾਈ ਏ। ਹਾਦਸੇ ਤੋਂ ਬਾਅਦ ਗੁੱਸੇ ਵਿੱਚ ਆਏ ਲੋਕਾਂ ਨੇ ਅੱਜ ਸਵੇਰੇ ਘਟਨਾ ਸਥਾਨ ਦੇ ਨੇੜੇ ਧਰਨਾ ਵੀ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਐਲਪੀਜੀ ਬੌਟਲਿੰਗ ਪਲਾਂਟ ਨੂੰ ਇੱਥੋਂ ਕਿਧਰੇ ਦੂਰ ਤਬਦੀਲ ਕਰਨ

ਦੀ ਮੰਗ ਕਰਦੇ ਆ ਰਹੇ ਸਨ, ਪਰ ਉਨ੍ਹਾਂ ਦੀ ਮੰਗ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ |

-----------------------------------------------------

ਸੀਮਾ ਸੁਰੱਖਿਆ ਬਲ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਬੀਤੀ ਰਾਤ ਅੰਮ੍ਰਿਤਸਰ ਅਤੇ ਫਾਜ਼ਲਕਾ ਸਰਹੱਦ ਤੋਂ ਦੋ ਵੱਖ-ਵੱਖ ਕਾਰਵਾਈਆਂ ਵਿੱਚ ਦੋ ਤਸਕਰਾਂ ਨੂੰ ਨਸ਼ੀਲੇ ਪਦਾਰਥ ਹੈਰੋਇਨ ਤੇ ਇੱਕ ਡਰੋਨ ਨਾਲ ਕਾਬੂ ਕੀਤਾ ਗਿਆ ਏ। ਇਹ ਦੋਵੇਂ ਜੋ ਫਾਜਿਲਕਾ ਦੇ ਪਿੰਡ ਢਾਣੀ ਅਮਰ ਸਿੰਘ ਤੋਂ ਫੜੇ ਗਏ ਸਨ ਜ਼ਿਲ੍ਹੇ ਦੇ ਪਿੰਡ ਆਰਨੀਵਾਲਾ ਦੇ ਵਸਨੀਕ ਨੇ। ਅੰਮ੍ਰਿਤਸਰ ਦੇ ਪਿੰਡ ਰੋੜਾਂਵਾਲਾ ਖੁਰਦ ਤੋਂ ਬੀ.ਐਸ.ਐਫ. ਨੇ ਇੱਕ ਡਰੋਨ ਵੀ ਇੱਕ ਕਿਲੋ ਤੋਂ ਵੱਧ ਹੈਰੋਇਨ ਨਾਲ ਜ਼ਬਤ ਕੀਤਾ ਏ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

-----------------------------------------------------

ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਮਾਗਮ ਨੂੰ ਸਮਰਪਿਤ 24 ਅਗਸਤ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵਿਸ਼ੇਸ਼ ਸਮਾਰੋਹ ਕਰਵਾਏ ਜਾ ਰਹੇ ਨੇ। ਇਸ ਮੌਕੇ ਸ੍ਰੀ ਦਰਬਾਰ ਸਾਹਿਬ

ਨੂੰ 100 ਟਨ ਤੋਂ ਵੱਧ ਫੁੱਲਾਂ ਨਾਲ ਸਜਾਇਆ ਜਾਵੇਗਾ। ਸਜਾਵਟ ਲਈ ਦੇਸ਼-ਵਿਦੇਸ਼ ਤੋਂ ਫੁੱਲਾਂ ਦੀ ਆਮਦ ਹੋਈ ਏ। ਸਜਾਵਟ ਦੇ ਕੰਮ ਲਈ 100 ਤੋਂ ਵੱਧ ਮਾਹਿਰ ਕਾਰੀਗਰ ਵਿਸ਼ੇਸ਼ ਤੌਰ ’ਤੇ ਕੋਲਕਾਤਾ, ਦਿੱਲੀ ਅਤੇ ਮੁੰਬਈ ਤੋਂ ਅੰਮ੍ਰਿਤਸਰ ਪੁੱਜੇ ਨੇ, ਜੋ ਲਗਾਤਾਰ ਦਿਨ ਰਾਤ ਸੇਵਾ ਨਿਭਾਅ ਰਹੇ ਨੇ। ਉਨ੍ਹਾਂ ਦੀ ਮਦਦ ਲਈ ਸੈਂਕੜੇ ਸੇਵਾਦਾਰ ਸ਼ਰਧਾਲੂ ਵੀ ਸ਼ਾਮਲ ਨੇ, ਜੋ ਅੱਜ ਰਾਤ ਤੱਕ ਸਜਾਵਟ ਨੂੰ ਮੁਕੰਮਲ ਕਰਨਗੇ।

--------------------------------------------------------

ਪੰਜਾਬੀ ਜਗਤ ਦੇ ਉੱਘੇ ਕਲਾਕਾਰ ਜਸਵਿੰਦਰ ਭੱਲਾ ਦਾ ਅੰਤਿਮ ਸੰਸਕਾਰ ਮੋਹਾਲੀ ਦੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਜਾ ਰਿਹਾ ਏ। ਬੀਤੀ ਸ਼ਾਮ ਜਸਵਿੰਦਰ ਭੱਲਾ ਦੇ ਗ੍ਰਹਿ ਵਿਖੇ ਪੁੱਜੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ। ਮੁੱਖ ਮੰਤਰੀ ਉੱਘੇ ਕਾਮੇਡੀਅਨ ਦੇ ਦੇਹਾਂਤ ਨੂੰ ਕਲਾ, ਸਾਹਿਤ, ਸੱਭਿਆਚਾਰ ਅਤੇ ਸਿਨੇਮਾ ਦੀ ਦੁਨੀਆ ਲਈ ਵੱਡਾ ਘਾਟਾ ਦੱਸਿਆ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਲਈ ਵੱਡਾ ਨਿੱਜੀ ਘਾਟਾ ਏ ਅਤੇ ਜਸਵਿੰਦਰ ਭੱਲਾ ਦੇ ਦੇਹਾਂਤ ਨਾਲ ਪੈਦਾ ਹੋਏ ਖਲਾਅ ਨੂੰ ਨੇੜ ਭਵਿੱਖ ਵਿੱਚ ਭਰਨਾ

ਆਸਾਨ ਨਹੀਂ ਹੋਵੇਗਾ। ਇਸ ਦੌਰਾਨ ਜਸਵਿੰਦਰ ਭੱਲਾ ਦੇ ਸਾਥੀਆਂ ਵੱਲੋਂ ਵੀ ਉਨ੍ਹਾਂ  ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਆਮਦਨ ਤੋਂ ਵੱਧ ਜਾਇਦਾਦ ਦੇ ਕਥਿਤ ਮਾਮਲੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵਿਰੁੱਧ ਪੰਜਾਬ ਵਿਜੀਲੈਂਸ ਬਿਊਰੋ ਨੇ ਕੱਲ੍ਹ ਮੋਹਾਲੀ ਦੀ ਇੱਕ ਅਦਾਲਤ ਵਿੱਚ 40 ਹਜ਼ਾਰ ਪੰਨਿਆਂ ਦੀ ਚਾਰਜਸ਼ੀਟ ਦਾਇਰ ਕੀਤੀ । ਇਸ ਤੋਂ ਪਹਿਲਾਂ, ਮੋਹਾਲੀ ਦੀ ਅਦਾਲਤ ਨੇ 18 ਅਗਸਤ ਨੂੰ ਮਜੀਠੀਆ ਦੀ ਜ਼ਮਾਨਤ ਪਟੀਸ਼ਨ ਖਾਰਜ ਕਰ ਦਿੱਤੀ ਸੀ। ਮਜੀਠੀਆ ਇਸ ਸਮੇਂ ਨਵੀਂ ਨਾਭਾ ਜੇਲ੍ਹ ਵਿੱਚ ਬੰਦ ਏ ਅਤੇ ਉਨ੍ਹਾਂ ਦੀ ਨਿਆਂਇਕ ਹਿਰਾਸਤ 28 ਅਗਸਤ ਤੱਕ ਵਧਾ ਦਿੱਤੀ ਸੀ।

---------------------------------------------------------

ਜਲੰਧਰ ਦੇ ਬਰਲਟਨ ਪਾਰਕ ਵਿਖੇ ਚੱਲ ਰਹੀ ਮਰਦਾਂ ਦੀ 15ਵੀਂ ਇੰਡੀਅਨ ਜੂਨੀਅਰ ਹਾਕੀ ਚੈਂਪੀਅਨਸ਼ਿਪ ਦਾ ਲਾਈਵ ਕੁਮੈਂਟਰੀ ਪ੍ਰਸਾਰਣ ਦੁਪਹਿਰ ਬਾਅਦ ਤਿੰਨ ਵਜੇ ਤੋਂ ਆਕਾਸ਼ਵਾਣੀ ਜਲੰਧਰ ਦੇ

ਐਫ. ਐਮ. 102.7 ਚੈਨਲ ’ਤੇ ਅਤੇ ਨਿਊਜ਼ ਔਨ ਏ.ਆਈ.ਆਰ. ਐਪ ’ਤੇ ਕੀਤਾ ਜਾਵੇਗਾ।